# ਪੰਜਾਬ ਅਜੂਸਟ ਸੁਸਾਇਟੀ

ਐਸ.ਸੀ.ਓ.104-106,ਦੂਜੀ ਮੰਜ਼ਿਲ, ਸੈਕਟਰ-34ਏ, ਚੰਡੀਗੜ੍ਹ,
ਫੋਨ ਨੰ: 0172-2623207, 2621104, 2621106, ਫੈਕਸ: 2624687 ਈ-ਮੇਲ eudsat.punjab@gmail.com

ਸੇਵਾ ਵਿਖੇ

1.0 ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਪੰਜਾਬ।
2.0 ਸਬੰਧਤ ਸਕੂਲ ਮੁੱਖੀ, ਵਿਸ਼ਾ ਅੱਧਿਆਪਕ ਅਤੇ ਵਿਦਿਆਰਥੀ (ਵੈਬਸਾਈਟ ਰਾਹੀਂ)

ਮੀਮੋ ਨੰ. 24/40/2008/ਪੀ.ਈ.ਐਸ/ਸੈਕਟੋਰਲ ਕਮੇਟੀ/3585
ਮਿਤੀ, ਚੰਡੀਗੜ੍ਹ: ੨੫.੧੨.੧੨

**ਵਿਸ਼ਾ: ਐਜੂਸੈਟ ਟਾਈਮ ਸ਼ਡਿਊਲ (ਜਨਵਰੀ 2013)**

1.0 ਜਨਵਰੀ 2013 ਦੀ ਐਜੂਸੈਟ ਸ਼ਡਿਊਲ ਜਿਸ ਵਿੱਚ 8ਵੀਂ ਤੋਂ 12ਵੀਂ ਜਮਾਤ ਲਈ ਸਕੂਲ ਸਿੱਖਿਆ ਵਿਭਾਗ ਲਈ ਨਸ਼ਰ ਕੀਤੇ ਜਾਣ ਵਾਲੇ ਰੈਗੂਲਰ ਪ੍ਰੋਗਰਾਮ ਦਾ ਵੇਰਵਾ ਹੈ, ਭੇਜੀ ਜਾ ਰਹੀ ਹੈ। ਕ੍ਰਿਪਾ ਕਰਕੇ ਸਬੰਧਤ ਸਕੂਲ ਮੁੱਖੀਆਂ ਨੂੰ ਹਦਾਇਤਾ ਜਾਰੀ ਕਰ ਦਿੱਤੀਆਂ ਜਾਣ ਕਿ ਉਹ ਯਕੀਨੀ ਬਣਾਉਣ ਕਿ ਸ਼ਡਿਊਲ ਮੁਤਾਬਿਕ ਸਬੰਧਤ ਵਿਸ਼ਾ ਅਧਿਆਪਕ ਅਤੇ ਵਿਦਿਆਰਥੀ ਐਜੂਸੈਟ ਰੂਮ ਵਿੱਚ ਹਾਜ਼ਰ ਰਹਿ ਕਿ ਨਸ਼ਰ ਕੀਤੇ ਪ੍ਰੋਗਰਾਮਾ ਵਿੱਚ ਭਾਗ ਲੈਣ।ਕਿਸੇ ਤਕਨੀਕੀ ਖਰਾਬੀ ਕਾਰਣ ਨੈਟਵਰਕ ਫੇਲ ਹੋ ਜਾਣ ਦੀ ਸੂਰਤ ਵਿੱਚ ਸਬੰਧਤ ਵਿਸ਼ਾ ਅਧਿਆਪਕ ਟਾਪਿਕ ਨੂੰ ਪੂਰਾ ਕਰੇਗਾ। ਐਜੂਸੈਟ ਲਾਈਬਰੇਰੀ ਦੀ ਵਰਤੋਂ ਪੀਰੀਅਡ ਐਡਜ਼ਸਟਮੈਂਟ ਲਈ ਜਰੂਰ ਕੀਤੀ ਜਾਵੇ।

2.0 ਐਜੂਸੈਟ ਰੂਮ ਅਤੇ ਐਜੂਸੈਟ ਲਾਈਬਰੇਰੀ ਵਿੱਚ ਹਰ ਸਬੰਧਤ ਪੀਰੀਅਡ ਵਿੱਚ ਵਿਦਿਆਰਥੀਆਂ ਦੀ ਹਾਜ਼ਰੀ ਐਜੂਸੈਟ ਰਜਿਸਟਰ ਵਿੱਚ ਲਗਾਈ ਜਾਵੇ ਅਤੇ ਸਟੇਟ ਦਫਤਰ ਵੱਲੋ ਟੈਲੀਫੂਨ ਰਾਹੀ ਸਕੂਲ ਮੁੱਖੀਆਂ, ਵਿਸ਼ਾ ਅਧਿਆਪਕਾਂ ਅਤੇ ਵਿਦਿਆਰਥੀਆਂ ਤੋਂ ਲਿਆ ਜਾਣ ਵਾਲਾ ਫੀਡਬੈਕ ਵੀ ਦਿੱਤਾ ਜਾਵੇ। ਸਕੂਲ ਮੁੱਖੀ ਐਜੂਸੈਟ ਰਜਿਸਟਰ ਵਿੱਚ, ਐਜੂਸੈਟ ਪ੍ਰੋਗਰਾਮਾ ਦਾ ਰਿਕਾਰਡ ਵੀ ਤਸਦੀਕ ਕਰੇਗਾ, ਜਿਸ ਵਿੱਚ ਵਿਦਿਆਰਥੀਆਂ ਦੀ ਗਿਣਤੀ ਅਤੇ ਸਬੰਧਤ ਅਧਿਆਪਕ ਦਾ ਨਾਮ ਵੀ ਦਰਜ਼ ਹੋਵੇ।

3.0 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਮੁਕਾਬਲੇ ਦੀਆਂ ਪ੍ਰੀਖਿਆਵਾਂ 2013 (ਮੈਡੀਕਲ/ਨਾਨ-ਮੈਡੀਕਲ) ਦੀ ਤਿਆਰੀ ਲਈ ਐਜੂਸੈਟ ਰਾਹੀਂ ਪ੍ਰੋਗਰਾਮ ਮਿਤੀ 01.01.2013 ਤੋਂ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਅਨੁਸਾਰ ਸਾਰੇ ਮੈਡੀਕਲ ਅਤੇ ਨਾਨ-ਮੈਡੀਕਲ ਦੇ ਵਿੱਦਿਆਰਥੀ ਰਿਸੈਸ ਤੋਂ ਬਾਅਦ ਮੁਕਾਬਲੇ ਦੀ ਪ੍ਰੀਖਿਆ ਦੇ ਪ੍ਰੋਗਰਾਮ ਅਟੈਂਡ ਕਰਨਗੇ ਜਿਸ ਨਾਲ ਉਹਨਾਂ ਦੀ ਪੱਕੇ ਪੇਪਰਾਂ ਦੀ ਤਿਆਰੀ ਵੀ ਹੋ ਜਾਵੇਗੀ। ਬਾਕੀ ਦੀ ਸ਼ਡਿਊਲ ਅਤੇ ਸਟੱਡੀ ਮਟੀਰੀਅਲ ਦੀ ਕਾਪੀ ਪ੍ਰਾਪਤ ਹੋਣ ਉਪਰੰਤ ਐਸ.ਐਸ.ਏ ਦੀ ਵੈਬਸਾਈਟ ਤੇ ਤੁਰੰਤ ਉਪਲਭਧ ਕਰਵਾ ਦਿੱਤੀ ਜਾਵੇਗੀ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ

ਪਿੱਠ ਅੰਕਣ ਨੰ. 24/40/2008/ਪੀ.ਈ.ਐਸ/ਸੈਕਟੋਰਲ ਕਮੇਟੀ/3586 ਮਿਤੀ,ਚੰਡੀਗੜ੍ਹ: ੨੫.੧੨.੧੨

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮੈਸਰਜ਼ ਗਿਆਨ ਸੇਵਾ ਟ੍ਰਸਟ, ਨਵੀ ਦਿੱਲੀ।
2. ਮੰਡਲ ਸਿੱਖਿਆ ਅਫਸਰ, ਫਰੀਦਕੋਟ, ਨਾਭਾ ਅਤੇ ਜਲੰਧਰ
3. ਡੀ.ਪੀ.ਆਈ. (ਸੈ.ਸਿ.) ਪੰਜਾਬ, ਚੰਡੀਗੜ੍ਹ
4. ਸਬੰਧਤ ਵਿਸ਼ਾ ਮਾਹਿਰ, ਐਜੂਸੈਟ ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ

ਪਿੱਠ ਅੰਕਣ ਨੰ. 24/40/2008/ਪੀ.ਈ.ਐਸ/ਸੈਕਟੋਰਲ ਕਮੇਟੀ/3587 ਮਿਤੀ,ਚੰਡੀਗੜ੍ਹ: ੨੫.੧੨.੧੨

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਡੀ.ਐਮ.(ਐਮ.ਆਈ.ਐਸ) ਨੂੰ ਤੁਰੰਤ ਵੈਬਸਾਈਟ ਤੇ ਪਾਉਣ ਹਿੱਤ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ